# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 04-01-2025**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿੱਚ, ਗ੍ਰਾਮੀਣ ਭਾਰਤ ਮਹੋਤਸਵ ਦਾ ਉਦਘਾਟਨ ਕਰਦਿਆਂ, ਦਿਹਾਤੀ ਲੋਕਾਂ ਨੂੰ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ, ਸਰਕਾਰ ਦੀ ਤਰਜੀਹ ਨੂੰ ਦੁਹਰਾਇਆ।
- ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਬੱਚਿਆਂ ਨੂੰ ਇਮਤਿਹਾਨਾਂ ਦਾ ਬੋਝ ਲੈਣ ਦੀ ਬਜਾਏ ਇਮਤਿਹਾਨਾਂ ਪ੍ਰਤੀ ਜਨੂੰਨ ਪੈਦਾ ਕਰਨ ਦੀ ਅਪੀਲ ਕੀਤੀ।
- ਸ਼੍ਰੋਮਣੀ ਗੁਰਦਵਾਰਾ ਪ੍ਰਬਧੰਕ ਕਮੇਟੀ ਵਲੋਂ ਸ਼੍ਰੀ  ਦਰਬਾਰ ਸਾਹਿਬ ਅੰਮ੍ਰਿਤਸਰ ਵਿਚ ਵੀ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।

- ਅੱਜ ਵਿਸ਼ਵ ਬਰੇਲ ਦਿਵਸ ਮਨਾਇਆ ਜਾ ਰਿਹਾ ਏ।
- ਉੱਤਰੀ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੀਤ ਲਹਿਰ ਅਤੇ ਸੰਘਣੀ ਧੁੰਦ ਨੇ ਆਮ ਜਨ-ਜੀਵਨ ਨੂੰ ਕੀਤਾ ਪ੍ਰਭਾਵਿਤ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪਿੰਡਾਂ ਨੂੰ ਵਿਕਾਸ ਅਤੇ ਮੌਕਿਆਂ ਦੇ ਜੀਵੰਤ ਕੇਂਦਰਾਂ ਵਿੱਚ ਬਦਲ ਕੇ ਗ੍ਰਾਮੀਣ ਭਾਰਤ ਨੂੰ ਸਸ਼ਕਤ ਬਣਾਉਣ ਦੇ ਸਰਕਾਰ ਦੇ ਦ੍ਰਿਸ਼ਟੀਕੋਣ 'ਤੇ ਜ਼ੋਰ ਦਿੱਤਾ। ਨਵੀਂ ਦਿੱਲੀ ਵਿੱਚ ਭਾਰਤ ਮੰਡਪਮ ਵਿੱਚ ਗ੍ਰਾਮੀਣ ਭਾਰਤ ਉਤਸਵ ਦੇ ਉਦਘਾਟਨੀ ਸਮਾਗਮ ਦੌਰਾਨ, ਸ਼੍ਰੀ ਮੋਦੀ ਨੇ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਸਸ਼ਕਤ ਬਣਾਉਣਾ, ਉਨ੍ਹਾਂ ਦੀ ਸਰਕਾਰ ਦੀ ਤਰਜੀਹ ਏ।

**BYTE:**

ਸ੍ਰੀ ਮੋਦੀ ਨੇ ਦੱਸਿਆ ਕਿ ਪੇਂਡੂ ਸਮਾਜ ਨੂੰ ਆਤਮ-ਨਿਰਭਰ ਬਣਾਉਣ ਲਈ, ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਤਹਿਤ, ਕਿਸਾਨਾਂ ਨੂੰ ਤਿੰਨ ਲੱਖ ਕਰੋੜ ਰੁਪਏ ਦੀ ਸਹਾਇਤਾ ਦਿੱਤੀ ਗਈ ਏ। ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਇਰਾਦੇ, ਨੀਤੀਆਂ ਅਤੇ ਫੈਸਲੇ,

ਦਿਹਾਤੀ  ਭਾਰਤ ਵਿੱਚ ਨਵੀਂ ਊਰਜਾ ਲਿਆ ਰਹੇ ਨੇ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਮੰਡਲ ਨੇ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਨੂੰ 2025-26 ਤੱਕ, ਇੱਕ ਹੋਰ ਸਾਲ ਲਈ ਜਾਰੀ ਰੱਖਣ ਦੀ ਪ੍ਰਵਾਨਗੀ ਦੇ ਦਿੱਤੀ ਏ। ਸ਼੍ਰੀ ਮੋਦੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੇ ਤਹਿਤ, ਹੁਣ ਤੱਕ 3 ਲੱਖ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਏ। ਇਸ ਮੌਕੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਵਿੱਤ ਰਾਜ ਮੰਤਰੀ ਪੰਕਜ ਚੌਧਰੀ ਵੀ ਮੌਜੂਦ ਸਨ। ਗ੍ਰਾਮੀਣ ਭਾਰਤ ਉਤਸਵ 9 ਜਨਵਰੀ ਤੱਕ ਚੱਲੇਗਾ। ਇਸ ਦੀ ਵਿਸ਼ਾ- ਵਿਕਸਤ ਭਾਰਤ 2047 ਲਈ ਇੱਕ ਸਵੈ-ਨਿਰਭਰ ਪੇਂਡੂ ਭਾਰਤ ਦਾ ਨਿਰਮਾਣ ਕਰਨਾ ਅਤੇ ਸਿਧਾਂਤ - ਜੇ ਪਿੰਡ ਵਧਦੇ ਨੇ , ਤਾਂ ਦੇਸ਼ ਵਧਦਾ ਏ- ਰੱਖਿਆ ਗਿਆ ਏ।

---------------------------------------------------------

ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਬੱਚਿਆਂ ਨੂੰ ਇਮਤਿਹਾਨਾਂ ਦਾ ਬੋਝ ਲੈਣ ਦੀ ਬਜਾਏ ਇਮਤਿਹਾਨਾਂ ਪ੍ਰਤੀ ਜਨੂੰਨ ਪੈਦਾ ਕਰਨ ਦੀ ਅਪੀਲ ਕੀਤੀ ਏ। ਅੱਜ ਨਵੀਂ ਦਿੱਲੀ ਨਗਰ ਕੌਂਸਲ ਦੇ

ਐਗਜ਼ਾਮ ਵਾਰੀਅਰਜ਼ ਆਰਟ ਫੈਸਟੀਵਲ ਵਿੱਚ ਬੱਚਿਆਂ ਨਾਲ ਗੱਲਬਾਤ ਕਰਦਿਆਂ, ਉਨ੍ਹਾਂ ਕਿਹਾ ਕਿ ਸਿਨੇ ਕਲਾਕਾਰ ਅਤੇ ਖਿਡਾਰੀ ਵਧੀਆ ਪ੍ਰਦਰਸ਼ਨ ਕਰਦੇ ਨੇ  ਕਿਉਂਕਿ ਉਨ੍ਹਾਂ ਵਿੱਚ ਆਪਣੇ ਕੰਮ ਪ੍ਰਤੀ ਜਨੂੰਨ ਹੁੰਦਾ ਏ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸਕੂਲਾਂ ਦੇ ਕਰੀਬ ਪੰਜ ਹਜ਼ਾਰ ਬੱਚੇ ਹਿੱਸਾ ਲੈ ਰਹੇ ਨੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਕ ਵੀਡੀਓ ਸੰਦੇਸ਼ 'ਚ ਕਿਹਾ ਕਿ ਬੱਚਿਆਂ 'ਤੇ ਇਮਤਿਹਾਨਾਂ ਦਾ ਬੋਝ ਨਹੀਂ ਸਗੋਂ ਇੱਛਾਵਾਂ ਅਤੇ ਉਮੀਦਾਂ ਦਾ ਬੋਝ ਏ। ਸ੍ਰੀ ਮੋਦੀ ਨੇ, ਵਿਦਿਆਰਥੀਆਂ ਨੂੰ ਕਿਹਾ ਕਿ ਉਨ੍ਹਾਂ ਕੋਲ ਅੱਗੇ ਵਧਣ ਲਈ ਬਹੁਤ ਸਾਰੇ ਮੌਕੇ ਅਤੇ ਵਿਕਲਪ ਨੇ। ਇਸ ਮੌਕੇ ਸੰਸਦ ਮੈਂਬਰ ਬੰਸੁਰੀ ਸਵਰਾਜ, ਨਵੀਂ ਦਿੱਲੀ ਨਗਰ ਕੌਂਸਲ ਦੇ ਚੇਅਰਮੈਨ ਕੇਸ਼ਵ ਚੰਦਰ ਅਤੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਵੀ ਮੌਜੂਦ ਰਹੇ।

------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਅੰਮ੍ਰਿਤਸਰ ਸਥਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ

ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ । ਇਸ ਮੌਕੇ ਗੱਤਕਾ ਅਤੇ ਬੈਂਡ ਪਾਰਟੀਆਂ ਨੇ ਹਾਜ਼ਰੀ ਭਰੀ ਅਤੇ ਸ਼ਬਦੀ ਜਥਿਆਂ ਨੇ ਗੁਰੂ ਸਾਹਿਬ ਜੀ ਦੀ ਉਸਤਤ ਵਿਚ ਗੁਰੂ ਜਸ ਗਾਇਨ ਕੀਤਾ। ਜਥੇਦਾਰ ਗਿਆਨੀ ਰਘਬੀਰ ਸਿੰਘ ਨੇ, ਪ੍ਰਕਾਸ਼ ਗੁਰ ਪੁਰਬ ਦੀ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਦੁਨੀਆ ਦੇ ਧਾਰਮਿਕ ਇਤਿਹਾਸ ਅੰਦਰ, ਸ੍ਰੀ ਗੁਰੂ ਗੋਬਿੰਦ ਸਿੰਘ ਦਾ ਜੀਵਨ ਲਾਸਾਨੀ ਅਤੇ ਪ੍ਰੇਰਣਾਦਾਇਕ ਏ ।

-----------------------------------------------

ਓਧਰ ਗੁਰਦਾਸਪੁਰ ਵਿਚ ਵੀ ਸਜਾਏ ਨਗਰ ਕੀਰਤਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸਮੂਲੀਅਤ ਕੀਤੀ ਨਿਹੰਗ ਸਿੰਘਾਂ ਨੇ ਗਤਕੇ ਦੇ ਜੋਹਰ ਦਿਖਾਏ ।

-----------------------------------------------

ਅੱਜ ਵਿਸ਼ਵ ਬਰੇਲ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ ਨੇਤਰਹੀਣ ਅਤੇ ਅੰਸ਼ਕ ਤੌਰ 'ਤੇ ਨੇਤਰਹੀਣ ਲੋਕਾਂ ਲਈ ਸੰਚਾਰ ਦੇ ਸਾਧਨ ਵਜੋਂ ਬ੍ਰੇਲ ਦੀ ਮਹੱਤਤਾ ਬਾਰੇ ਜਾਗਰੂਕਤਾ ਲਿਆਉਣ ਲਈ ਮਨਾਇਆ ਜਾਂਦਾ ਏ। ਸਾਲ 2018 ਵਿੱਚ, ਸੰਯੁਕਤ ਰਾਸ਼ਟਰ ਮਹਾਸਭਾ ਨੇ, ਬ੍ਰੇਲ ਪ੍ਰਣਾਲੀ ਦੇ ਵਿਚਾਰਕ, ਲੂਈ ਬਰੇਲ ਦੇ ਜਨਮ ਦਿਨ ਦੇ ਮੌਕੇ 'ਤੇ, 4 ਜਨਵਰੀ ਨੂੰ ਵਿਸ਼ਵ ਬ੍ਰੇਲ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਸੀ। ਭਾਰਤ ਵਿੱਚ ਸਰਕਾਰ ਨੇ ਨੇਤਰਹੀਣ ਲੋਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ, ਸਿੱਖਿਆ, ਰੁਜ਼ਗਾਰ ਅਤੇ ਸਮੁੱਚੀ ਭਲਾਈ ਲਈ ਸਸ਼ਕਤ ਕਰਨ ਲਈ ਕਈ ਕਦਮ ਚੁੱਕੇ ਨੇ। ਇਸ ਮੌਕੇ ਨੇਤਰਹੀਣ ਵਿਅਕਤੀਆਂ ਬਾਰੇ ਰਾਸ਼ਟਰੀ ਐਸੋਸੀਏਸ਼ਨ ਨੇ ਅੱਜ ਨਵੀਂ ਦਿੱਲੀ ਵਿਖੇ ਇਕ ਪ੍ਰੋਗਰਾਮ ਦਾ ਆਯੋਜਨ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਐਸ.ਕੇ ਰੂੰਗਟਾ ਨੇ ਕਿਹਾ ਕਿ ਬ੍ਰੇਲ ਲਿਪੀ ਨੂੰ ਸਾਰਿਆਂ ਲਈ ਪਹੁੰਚਯੋਗ ਬਣਾਉਣ ਲਈ ਤਕਨੀਕ ਦੀ ਵਰਤੋਂ ਕਰਨੀ ਚਾਹੀਦੀ ਏ। ਉਨ੍ਹਾਂ ਕਿਹਾ ਕਿ ਬਰੇਲ ਲਿਪੀ ਰਾਹੀਂ ਨੇਤਰਹੀਣ ਵੀ ਸਨਮਾਨਯੋਗ ਜੀਵਨ ਬਤੀਤ ਕਰ ਸਕਦੇ ਨੇ।

-----------------------------------------------

ਭਾਰਤ ਵਿੱਚ ਦਿਹਾਤੀ ਗਰੀਬੀ ਦਰ ਵਿੱਤੀ ਸਾਲ 2011-12 ਵਿੱਚ 25.7 ਫੀਸਦੀ ਸੀ, ਜੋ ਵਿੱਤੀ ਸਾਲ 2023-24 ਵਿੱਚ ਜ਼ਿਕਰਯੋਗ ਰੂਪ ਨਾਲ ਘੱਟ ਕੇ 4.86 ਫੀਸਦੀ ਰਹਿ ਗਈ ਏ ।ਭਾਰਤੀ ਸਟੇਟ ਬੈਂਕ ਦੇ ਖਪਤ ਖਰਚ ਸਰਵੇਖਣ 'ਤੇ ਖੋਜ ਅਨੁਸਾਰ ਪਿਛਲੇ 12 ਸਾਲਾਂ ਵਿੱਚ ਸ਼ਹਿਰੀ ਗਰੀਬੀ 13.7 ਫੀਸਦੀ ਤੋਂ ਘਟ ਕੇ 4.09 ਫੀਸਦੀ ਰਹਿ ਗਈ ਏ ।

***ਭਾਰਤੀ ਸਟੇਟ ਬੈਂਕ ਦੀ ਇਹ ਖੋਜ ਦਰਸਾਉਂਦੀ ਏ ਕਿ ਦਿਹਾਤੀ ਗਰੀਬੀ ਵਿੱਚ ਤੇਜ਼ੀ ਨਾਲ ਗਿਰਾਵਟ ਦਾ ਕਾਰਨ, ਸਰਕਾਰੀ ਸਹਾਇਤਾ ਕਾਰਨ ਕਮਜ਼ੋਰ ਵਰਗਾਂ ਵਿੱਚ ਖਪਤ ਵਿੱਚ ਵਾਧਾ ਏ ।ਖੋਜ ਵਿੱਚ ਪਾਇਆ ਗਿਆ ਏ ਕਿ ਖਾਣ-ਪੀਣ ਦੀਆਂ ਵਸਤਾਂ ਦੀਆਂ ਕੀਮਤਾਂ ਵਿੱਚ ਵਾਧਾ ਨਾ ਸਿਰਫ਼ ਖ਼ੁਰਾਕੀ ਖਰਚਿਆਂ ਨੂੰ ਪ੍ਰਭਾਵਿਤ ਕਰਦਾ ਏ , ਸਗੋਂ ਕੁੱਲ ਖਰਚੇ ਨੂੰ ਵੀ ਪ੍ਰਭਾਵਿਤ ਕਰਦਾ ਏ । ਖੋਜ ਮੁਤਾਬਿਕ ਸ਼ਹਿਰੀ ਗਰੀਬੀ ਹੋਰ ਘਟ ਸਕਦੀ ਏ । ਸਮੁੱਚੇ ਪੱਧਰ 'ਤੇ, ਭਾਰਤ ਵਿਚ ਗਰੀਬੀ ਦੀ ਦਰ ਹੁਣ 4 ਫੀਸਦੀ ਤੋਂ 4.5 ਫੀਸਦੀ***

***ਦੇ ਵਿਚਕਾਰ ਹੋ ਸਕਦੀ ਏ । ਗ੍ਰਾਮੀਣ ਅਤੇ ਸ਼ਹਿਰੀ ਮਹੀਨੇਵਾਰ ਪ੍ਰਤੀ ਵਿਅਕਤੀ ਖਪਤ ਖਰਚੇ, ਵਿਚਕਾਰ ਪਾੜ੍ਹਾ, ਹੁਣ ਘਟ ਕੇ 69.7 ਫੀਸਦੀ ਰਹਿ ਗਿਆ ਏ । ਇਹ ਸੁਧਾਰ ਮੁੱਖ ਤੌਰ 'ਤੇ ਸਰਕਾਰੀ ਪਹਿਲਕਦਮੀਆਂ ਜਿਵੇਂ ਕਿ ਸਿੱਧੇ ਲਾਭ ਦੇ ਤਬਾਦਲੇ, ਦਿਹਾਤੀ ਬੁਨਿਆਦੀ ਢਾਂਚੇ ਦਾ ਵਿਕਾਸ, ਕਿਸਾਨਾਂ ਦੀ ਆਮਦਨ ਵਿੱਚ ਵਾਧਾ ਅਤੇ ਪੇਂਡੂ ਜੀਵਨ ਵਿੱਚ ਮਹੱਤਵਪੂਰਨ ਸੁਧਾਰ ਦੇ ਕਾਰਨ ਹੋਇਆ ਏ । ਬਿਓਰੋ ਰਿਪੋਰਟ ਦੇ ਨਾਲ ਰਾਜੇਸ਼ ਬਾਲੀ, ਆਕਾਸ਼ਵਾਣੀ ਖਬਰਾਂ ਜਲੰਧਰ***

----------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬੇ ਦੀਆਂ ਜੇਲ੍ਹਾਂ ਵਿੱਚ ਕੈਦੀ ਮਹਿਲਾਵਾਂ ਦੇ ਬੱਚਿਆਂ ਨੂੰ ਆਂਗਣਵਾੜੀ ਕੇਂਦਰਾਂ ਵਿੱਚ ਇਨਰੋਲ ਕਰਕੇ ਉਨ੍ਹਾਂ ਨੂੰ ਪੌਸ਼ਟਿਕ ਆਹਾਰ ਦੇਣ ਅਤੇ ਮੁੱਢਲੀ ਸਿੱਖਿਆ ਨਾਲ ਜੋੜਨ ਦੇ ਉਪਰਾਲੇ ਕੀਤੇ ਜਾਣਗੇ । ਉਨ੍ਹਾਂ ਇਹ ਗੱਲ ਫਰੀਦਕੋਟ ਜੇਲ੍ਹ ਦਾ ਦੌਰੇ ਕਰਦਿਆਂ ਆਖੀ ।ਓਹਨਾ ਨੇ ਕੈਦੀ ਮਹਿਲਾਵਾਂ ਨਾਲ ਮੁਲਾਕਾਤ

ਕਰਕੇ, ਉਨ੍ਹਾਂ ਦੀਆਂ ਬੁਨਿਆਦੀ ਲੋੜਾਂ ਦਾ ਮੁਲਾਂਕਣ ਕੀਤਾ। ਉਨ੍ਹਾਂ ਕਿਹਾ ਕਿ ।

**BYTE**

------------------------------------------------

ਕੈਬਨਿਟ ਮੰਤਰੀ ਨੇ ਦੱਸਿਆ ਕਿ ਕੈਦੀ ਮਹਿਲਾਵਾਂ ਨੂੰ ਸਸ਼ਕਤ ਕਰਨ ਲਈ, ਉਨ੍ਹਾਂ ਨੂੰ ਹੁਨਰ ਵਿਕਾਸ ਦੇ ਮੌਕੇ ਪ੍ਰਦਾਨ ਕਰਨ, ਉਨ੍ਹਾਂ ਦੀ ਆਤਮ-ਨਿਰਭਰਤਾ ਨੂੰ ਵਧਾਉਣ ਅਤੇ ਜੇਲ੍ਹ ਤੋਂ ਬਾਹਰ ਦੀ ਜ਼ਿੰਦਗੀ ਲਈ ਉਨ੍ਹਾਂ ਨੂੰ ਤਿਆਰ ਕਰਨ ਲਈ ਜੇਲ੍ਹ ਵਿੱਚ ਇੱਕ ਸਿਲਾਈ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਏ । ਉਹਨਾਂ ਦੱਸਿਆ ਕਿ ਪੰਜਾਬ ਸਰਕਾਰ ਜਿੱਥੇ ਸੂਬੇ ਦੀਆਂ ਮਹਿਲਾਵਾਂ ਦੀ ਸਿਹਤ ਜਾਂਚ ਸਬੰਧੀ ਅਤੇ ਉਨ੍ਹਾਂ ਨੂੰ ਰੁਜਗਾਰ ਦੇਣ ਸਬੰਧੀ ਲਗਾਤਾਰ ਕੈਂਪ ਲਗਾ ਕੇ, ਉਨ੍ਹਾਂ ਨੂੰ ਜਾਗਰੂਕ ਕਰ ਰਹੀ ਏ । ਇਸੇ ਲੜੀ ਵਿਚ ਕੈਦੀ ਮਹਿਲਾਵਾਂ ਦੀ ਸਿਹਤ ਜਾਂਚ, ਉਨ੍ਹਾਂ ਦੀ ਸਰੀਰਕ ਸਥਿਤੀ, ਉਨ੍ਹਾਂ ਦੇ ਬੱਚਿਆ ਲਈ ਸਹੂਲਤਾਂ ਦੇਖਣ ਲਈ ਉਨ੍ਹਾਂ ਵੱਲੋਂ ਇਹ ਦੌਰਾ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਪੰਜਾਬ ਨੂੰ ਤਰੱਕੀ

ਵੱਲ ਲਿਜਾਣ ਲਈ ਜੇਲ੍ਹ ਵਿੱਚ ਕੈਦੀ ਮਹਿਲਾਵਾਂ ਨੂੰ ਵੀ ਨਾਲ ਲੈ ਕੇ ਚੱਲਿਆ ਜਾਵੇਗਾ।

-----------------------------------------------------------------

ਉੱਤਰੀ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੀਤ ਲਹਿਰ ਅਤੇ ਸੰਘਣੀ ਧੁੰਦ ਨੇ ਆਮ ਜਨ-ਜੀਵਨ ਨੂੰ ਪ੍ਰਭਾਵਿਤ ਕੀਤਾ ਏ । ਸੰਘਣੀ ਧੁੰਦ ਨੇ ਅੱਜ ਤੜਕੇ ਖੇਤਰ ਨੂੰ ਢੱਕ ਦਿੱਤਾ, ਜਿਸ ਨਾਲ ਕਈ ਖੇਤਰਾਂ ਵਿੱਚ ਦਿਖਤਾ ਘਟ ਕੇ ਸਿਫ਼ਰ ਹੋ ਗਈ ਅਤੇ ਉਡਾਣਾਂ ਅਤੇ ਰੇਲਗੱਡੀਆਂ ਦੇ ਸੰਚਾਲਨ ਵਿੱਚ ਵੀ ਵਿਘਨ ਪਿਆ। ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਨਿਦੇਸ਼ਕ ਸੁਰਿੰਦਰਪਾਲ ਨੇ ਵਧੇਰੇ ਜਾਣਕਾਰੀ ਦੀਦਿਆਂ ਦਸਿਆ

**BYTE**

-----------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੀਨੀਅਰ ਵਿਗਿਆਨੀ ਡਾ: ਰਾਜ-ਗੋਪਾਲ ਚਿਦੰਬਰਮ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਊਨਾ ਕਿਹਾ ਕਿ ਡਾਕਟਰ ਰਾਜ-ਗੋਪਾਲ ਚਿਦੰਬਰਮ ਨੇ, ਭਾਰਤ ਦੇ ਪਰਮਾਣੂ ਪ੍ਰੋਗਰਾਮ ਵਿੱਚ ਇੱਕ ਪ੍ਰਮੁੱਖ ਭੂਮਿਕਾ

ਨਿਭਾਈ । ਸ੍ਰੀ ਮੋਦੀ ਨੇ ਭਾਰਤ ਦੀ ਵਿਗਿਆਨਕ ਅਤੇ ਰਣਨੀਤਕ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਵਿੱਚ, ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਸਮੁੱਚਾ ਰਾਸ਼ਟਰ, ਡਾ: ਰਾਜਗੋਪਾਲ ਚਿਦੰਬਰਮ ਨੂੰ ਸਨਮਾਨ ਨਾਲ ਯਾਦ ਕਰੇਗਾ ਅਤੇ ਉਨ੍ਹਾਂ ਦੇ ਉਪਰਾਲੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੇ ਰਹਿਣਗੇ।

---------------------------------------------------------

ਬਰਨਾਲਾ ਵਿੱਚ ਬੱਸ ਦੇ ਹਾਦਸੇ ਦਾ ਸ਼ਿਕਾਰ ਹੋ ਜਾਣ ਕਾਰਨ ਕਿਸਾਨ ਜਥੇਬੰਦੀਆਂ ਦੀਆਂ ਤਿੰਨ ਔਰਤਾਂ ਦੀ ਮੌਤ ਹੋ ਗਈ ਅਤੇ 30 ਹੋਰ ਜ਼ਖ਼ਮੀ ਹੋ ਗਏ। ਬਰਨਾਲਾ ਪੁਲੀਸ ਦੇ ਸੂਤਰਾਂ ਨੇ ਆਕਾਸ਼ਵਾਣੀ ਨੂੰ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਹਾਦਸਾ ਸੰਘਣੀ ਧੁੰਦ ਕਾਰਨ ਵਾਪਰਿਆ ਏ । ਗੰਭੀਰ ਜ਼ਖ਼ਮੀਆਂ ਨੂੰ ਏਮਜ਼, ਬਠਿੰਡਾ ਅਤੇ ਫਰੀਦਕੋਟ ਮੈਡੀਕਲ ਕਾਲਜ ਵਿੱਚ ਦਾਖ਼ਲ ਕਰਵਾਇਆ ਗਿਆ ਏ । ਇਕ ਹੋਰ ਸੜਕ ਹਾਦਸੇ ਵਿਚ ਕਿਸਾਨੀ ਜਥੇਬੰਦੀਆਂ ਦੇ ਕੁਝ ਹੋਰ ਮੈਂਬਰ ਵੀ ਜ਼ਖਮੀ ਹੋਏ ਨੇ । ਇਹ ਸਾਰੇ ਲੋਕ ਅੱਜ ਹਰਿਆਣਾ ਦੇ ਟੋਹਾਣਾ ਵਿਖੇ ਕਿਸਾਨ ਮਹਾਪੰਚਾਇਤ ਲਈ ਜਾ ਰਹੇ ਸਨ ।

-----------------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿੱਚ, ਗ੍ਰਾਮੀਣ ਭਾਰਤ ਮਹੋਤਸਵ ਦਾ ਉਦਘਾਟਨ ਕਰਦਿਆਂ, ਦਿਹਾਤੀ ਲੋਕਾਂ ਨੂੰ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਲਈ, ਸਰਕਾਰ ਦੀ ਤਰਜੀਹ ਨੂੰ ਦੁਹਰਾਇਆ।
- ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਬੱਚਿਆਂ ਨੂੰ ਇਮਤਿਹਾਨਾਂ ਦਾ ਬੋਝ ਲੈਣ ਦੀ ਬਜਾਏ ਇਮਤਿਹਾਨਾਂ ਪ੍ਰਤੀ ਜਨੂੰਨ ਪੈਦਾ ਕਰਨ ਦੀ ਅਪੀਲ ਕੀਤੀ।
- ਸ਼੍ਰੋਮਣੀ ਗੁਰਦਵਾਰਾ ਪ੍ਰਬਧੰਕ ਕਮੇਟੀ ਵਲੋਂ ਸ਼੍ਰੀ  ਦਰਬਾਰ ਸਾਹਿਬ ਅੰਮ੍ਰਿਤਸਰ ਵਿਚ ਵੀ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ।
- ਅੱਜ ਵਿਸ਼ਵ ਬਰੇਲ ਦਿਵਸ ਮਨਾਇਆ ਜਾ ਰਿਹਾ ਏ।
- ਉੱਤਰੀ ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਸ਼ੀਤ ਲਹਿਰ ਅਤੇ

ਸੰਘਣੀ ਧੁੰਦ ਨੇ ਆਮ ਜਨ-ਜੀਵਨ ਨੂੰ ਕੀਤਾ ਪ੍ਰਭਾਵਿਤ ।